# ਚੋਣਾਂ ਦੇ ਮੱਦੇਨਜ਼ਰ ਜ਼ਿਲਾ ਪੁਲਸ ਨੇ ਸ਼ਹਿਰ 'ਚ ਕੱਢਿਆ ਫਲੈਗ ਮਾਰਚ



ਕਾਲਜ ਰੋਡ 'ਤੇ ਫਲੈਗ ਮਾਰਚ ਕੱਢਦੇ ਹੋਏ ਜ਼ਿਲਾ ਪੁਲਸ ਅਤੇ ਪੈਰਾ ਮਿਲਟਰੀ ਫੋਰਸ ਦੇ ਜਵਾਨ। (ਰਾਕੇਸ਼)

ਰੂਪਨਗਰ, 14 ਫਰਵਰੀ (ਵਿਜੇ)- ਜ਼ਿਲਾ ਪੁਲਸ ਵਲੋਂ ਅੱਜ ਸ਼ਹਿਰ ਭਰ 'ਚ ਫਲੈਗ ਮਾਰਚ ਕੱਢਿਆ ਗਿਆ। ਜਾਣਕਾਰੀ ਦਿੰਦੇ ਹੋਏ ਡੀ.ਐੱਸ.ਪੀ. (ਰ) ਰਵਿੰਦਰਪਾਲ ਸਿੰਘ ਨੇ ਦੱਸਿਆ ਕਿ ਇਹ ਫਲੈਗ ਮਾਰਚ 20 ਫਰਵਰੀ ਨੂੰ ਹੋਣ ਜਾ ਰਹੀਆਂ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਜ਼ਿਲਾ ਪੁਲਸ ਮੁਖੀ ਵਿਵੇਕ ਐੱਸ. ਸੋਨੀ ਦੇ ਨਿਰਦੇਸ਼ਾਂਅਨੁਸਾਰ ਕੱਢਿਆ ਜਾ ਰਿਹਾ ਹੈ। ਉਨ੍ਹਾਂ ਸ਼ਰਾਰਤੀ ਅਨਸਰਾਂ ਨੂੰ ਤਾੜਨਾ ਕਰਦੇ ਹੋਏ ਕਿਹਾ ਕਿ ਕਿਸੇ ਨੂੰ ਵੀ ਅਮਨ ਸ਼ਾਂਤੀ ਭੰਗ ਕਰਨ ਦੀ ਇਜਾਜ਼ਤ ਨਹੀ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਨਸ਼ਿਆਂ ਦੇ ਮਾਮਲੇ 'ਚ ਸੰਲਿਪਤ ਕਿਸੇ ਵੀ ਵਿਅਕਤੀ ਨੂੰ ਬਖਸ਼ਿਆ ਨਹੀ ਜਾਵੇਗਾ।

ਉਨ੍ਹਾਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਫਲੈਗ ਮਾਰਚ ਦਾ ਮੁੱਖ ਮਕਸਦ ਲੋਕਾਂ ਨੂੰ ਜਾਗਰੂਕ ਵੀ ਕਰਨਾ ਹੈ ਤਾਂ ਕਿ ਉਹ ਆਪਣੀ ਵੋਟ ਦਾ ਇਸਤੇਮਾਲ ਬਿਨਾਂ ਕਿਸੇ ਡਰ ਭੈਅ ਤੋਂ ਕਰਨ ਅਤੇ ਜੇਕਰ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਆਉਂਦੀ ਹੈ ਤਾਂ ਪੁਲਸ ਨਾਲ ਤੁਰੰਤ ਸੰਪਰਕ ਕੀਤਾ ਜਾਵੇਗਾ। ਉਨ੍ਹਾਂ ਲੋਕਾਂ ਨੂੰ ਕਿਹਾ ਕਿ ਉਹ ਪੁਲਸ ਨੂੰ ਸਹਿਯੋਗ ਕਰਨ। ਫਲੈਗ ਮਾਰਗ ਕਾਲਜ ਰੋਡ ਤੋਂ ਸ਼ੁਰੂ ਹੋਇਆ ਜੋ ਬੇਲਾ ਰੋਡ, ਹਸਪਤਾਲ ਰੋਡ, ਰਾਮਲੀਲਾ ਮੈਦਾਨ ਰੋਡ ਅਤੇ ਮੁੱਖ ਬਾਜ਼ਾਰ 'ਚੋਂ ਹੋ ਕੇ ਗੁਜਰਿਆ। ਇਸ ਮੌਕੇ ਸਿਟੀ ਥਾਣਾ ਤੋਂ ਐੱਸ.ਐੱਚ.ਓ. ਗਗਨਪ੍ਰੀਤ ਸਿੰਘ ਤੋਂ ਇਲਾਵਾ ਵੱਡੀ ਗਿਣਤੀ 'ਚ ਪੁਲਸ ਅਧਿਕਾਰੀ, ਮੁਲਾਜ਼ਮ ਅਤੇ ਪੈਰਾ ਮਿਲਟਰੀ ਫੋਰਸ ਦੇ ਜਵਾਨ ਮੌਜੂਦ ਸਨ।

ਜਗ ਬਾਣੀ
ਈ-ਪੇਪਰ
Tue,15 February 2022
Edition: roopnagar bani, Page no. 1